ਗਉੜੀ ਮਹਲਾ ੫ ॥ ਤਾਪ ਗਏ ਪਾਈ ਪ੍ਰਭਿ ਸਾਂਤਿ ॥ ਸੀਤਲ ਭਏ ਕੀਨੀ ਪ੍ਰਭ ਦਾਤਿ ॥ ੧॥ ਪ੍ਰਭ ਕਿਰਪਾ ਤੇ ਭਏ ਸੁਹੇਲੇ ॥ ਜਨਮ ਜਨਮ ਕੇ ਬਿਛੁਰੇ ਮੇਲੇ ॥੧॥ ਰਹਾਉ ॥ ਸਿਮਰਤ ਸਿਮਰਤ ਪ੍ਰਭ ਕਾ ਨਾਉ ॥ ਸਗਲ ਰੋਗ ਕਾ ਬਿਨਸਿਆ ਥਾਉ ॥ ੨॥ ਸਹਜਿ ਸੁਭਾਇ ਬੋਲੈ ਹਰਿ ਬਾਣੀ ॥ ਆਠ ਪਹਰ ਪ੍ਰਭ ਸਿਮਰਹੁ ਪ੍ਰਾਣੀ ॥ ੩॥ ਦੂਖੁ ਦਰਦੁ ਜਮੁ ਨੇੜਿ ਨ ਆਵੈ ॥ ਕਹੁ ਨਾਨਕ ਜੋ ਹਰਿ ਗੁਨ ਗਾਵੈ ॥੪॥੫੯॥੧੨੮॥ {ਪੰਨਾ 191}

ਪਦਅਰਥ:- ਪ੍ਰਭਿ—ਪ੍ਰਭੂ ਨੇ। ਸਾਂਤਿ—ਠੰਡ, ਆਤਮਕ ਅਡੋਲਤਾ। ਸੀਤਲ—ਠੰਡੇ।1।

ਤੇ—ਤੋਂ, ਨਾਲ। ਸੁਹੇਲੇ—ਸੌਖੇ।1। ਰਹਾਉ।

ਸਗਲ—ਸਾਰੇ। ਥਾਉ—ਥਾਂ, ਨਿਸ਼ਾਨ।2।

ਸਹਜਿ—ਆਤਮਕ ਅਡੋਲਤਾ ਵਿਚ। ਸੁਭਾਇ—ਪ੍ਰੇਮ-ਪਿਆਰ ਵਿਚ। ਪ੍ਰਾਣੀ—ਹੇ ਪ੍ਰਾਣੀ!।3।

ਕਹੁ—ਆਖ। ਨਾਨਕ—ਹੇ ਨਾਨਕ!।4।

ਅਰਥ:- (ਜਿਨ੍ਹਾਂ ਮਨੁੱਖਾਂ ਨੂੰ ਪਰਮਾਤਮਾ ਆਪਣੇ ਨਾਮ ਦੀ ਦਾਤਿ ਦੇਂਦਾ ਹੈ ਉਹ ਮਨੁੱਖ) ਪਰਮਾਤਮਾ ਦੀ ਕਿਰਪਾ ਨਾਲ ਸੌਖੇ (ਜੀਵਨ ਵਾਲੇ) ਹੋ ਜਾਂਦੇ ਹਨ, ਉਹਨਾਂ ਨੂੰ ਅਨੇਕਾਂ ਜਨਮਾਂ ਦੇ ਵਿੱਛੁੜਿਆਂ ਨੂੰ ਪਰਮਾਤਮਾ (ਆਪਣੇ ਨਾਲ) ਮਿਲਾ ਲੈਂਦਾ ਹੈ।1। ਰਹਾਉ।

ਜਿਨ੍ਹਾਂ ਨੂੰ ਪਰਮਾਤਮਾ ਆਪਣੇ ਨਾਮ ਦੀ ਦਾਤਿ ਦੇਂਦਾ ਹੈ ਉਹ ਠੰਡੇ ਜਿਗਰੇ ਵਾਲੇ ਬਣ ਜਾਂਦੇ ਹਨ। ਪਰਮਾਤਮਾ ਨੇ ਉਹਨਾਂ ਦੇ ਅੰਦਰ ਐਸੀ ਆਤਮਕ ਠੰਢ ਵਰਤਾ ਦਿੱਤੀ ਹੁੰਦੀ ਹੈ ਕਿ ਉਹਨਾਂ ਦੇ ਸਾਰੇ ਤਾਪ-ਕਲੇਸ਼ ਦੂਰ ਹੋ ਜਾਂਦੇ ਹਨ।1।

(ਜਿਨ੍ਹਾਂ ਨੂੰ ਪਰਮਾਤਮਾ ਆਪਣੇ ਨਾਮ ਦੀ ਦਾਤਿ ਦੇਂਦਾ ਹੈ) ਪਰਮਾਤਮਾ ਦਾ ਨਾਮ ਸਿਮਰ ਸਿਮਰ ਕੇ (ਉਹਨਾਂ ਦੇ ਅੰਦਰੋਂ) ਸਾਰੇ ਰੋਗਾਂ ਦਾ ਨਿਸ਼ਾਨ ਹੀ ਮਿਟ ਜਾਂਦਾ ਹੈ।2।

(ਜਿਸ ਮਨੁੱਖ ਨੂੰ ਪਰਮਾਤਮਾ ਨਾਮ ਦੀ ਦਾਤਿ ਦੇਂਦਾ ਹੈ ਉਹ) ਆਤਮਕ ਅਡੋਲਤਾ ਵਿਚ ਟਿਕ ਕੇ ਪ੍ਰੇਮ-ਪਿਆਰ ਵਿਚ ਲੀਨ ਹੋ ਕੇ ਪਰਮਾਤਮਾ ਦੀ ਸਿਫ਼ਤਿ-ਸਾਲਾਹ ਦੀ ਬਾਣੀ ਉਚਾਰਦਾ ਰਹਿੰਦਾ ਹੈ। ਹੇ ਪ੍ਰਾਣੀ! (ਤੂੰ ਭੀ ਉਸ ਦੇ ਦਰ ਤੋਂ ਨਾਮ ਦੀ ਦਾਤਿ ਮੰਗ, ਤੇ) ਅੱਠੇ ਪਹਰ ਪ੍ਰਭੂ ਦਾ ਨਾਮ ਸਿਮਰਦਾ ਰਹੁ।3।

ਹੇ ਨਾਨਕ! ਆਖ—(ਪਰਮਾਤਮਾ ਦੀ ਮਿਹਰ ਨਾਲ) ਜੇਹੜਾ ਮਨੁੱਖ ਪਰਮਾਤਮਾ ਦੇ ਗੁਣ ਗਾਂਦਾ ਰਹਿੰਦਾ ਹੈ ਕੋਈ ਦੁੱਖ-ਦਰਦ ਉਸ ਦੇ ਨੇੜੇ ਨਹੀਂ ਆਉਂਦਾ, ਉਸ ਨੂੰ ਮੌਤ ਦਾ ਡਰ ਨਹੀਂ ਪੋਹਦਾ (ਆਤਮਕ ਮੌਤ ਦਾ ਉਸ ਨੂੰ ਖ਼ਤਰਾ ਨਹੀਂ ਰਹਿ ਜਾਂਦਾ)।4। 59।128।